ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਫਾਜ਼ਿਲਕਾ ਦੇ ਸਰਕਾਰੀ ਸਕੂਲ ਨੂੰ "ਸਵੱਛ ਵਿਦਿਆਲਿਆ ਰਾਜ ਪੁਰਸਕਾਰ" ਨਾਲ ਨਵਾਜਿਆ

ਸਕੂਲ ਦੇ ਨਾਲ-ਨਾਲ ਜਨਤਕ ਥਾਵਾਂ ਦੀ ਵੀ ਕੀਤੀ ਗਈ ਸਫਾਈ

ਸਵੱਛ ਭਾਰਤ ਮੁਹਿੰਮ ਤਹਿਤ ਪੂਰੇ ਸੂਬੇ 'ਚ ਰਿਹਾ ਮੋਹਰੀ

ਫਾਜ਼ਿਲਕਾ 5 ਸਤੰਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੁਆਰਾ ਸ਼ੁਰੂ ਕੀਤੀ ਗਈ ਸਵੱਛ ਭਾਰਤ ਮੁਹਿੰਮ ਤਹਿਤ ਸੂਬੇ ਦੇ ਸਾਰੇ ਸਕੂਲਾਂ ਨੂੰ ਪਛਾੜਦੇ ਹੋਏ ਫਾਜ਼ਿਲਕਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵੱਲੋਂ ਪਹਿਲਾ ਸਥਾਨ ਹਾਸਲ ਕਰਨ 'ਤੇ ਪ੍ਰਿੰਸੀਪਲ, ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਹੈ। ਸਵੱਛ ਭਾਰਤ ਮੁਹਿੰਮ ਤਹਿਤ ਸੂਬੇ ਦੇ ਸਾਰੇ ਸਕੂਲਾਂ ਅੰਦਰ ਸਵੱਛ ਵਿਦਿਆਲਿਆ ਪ੍ਰੋਗਰਾਮ ਕਰਵਾਏ ਗਏ ਸਨ। ਜਿਸ ਦੌਰਾਨ ਜ਼ਿਲ੍ਹੇ ਦੇ ਸਕੂਲ ਨੂੰ ਇਹ ਮਾਣ ਪ੍ਰਾਪਤ ਹੋਇਆ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆ ਸਕਿਲ ਡਿਵੈਲਪਮੈਂਟ ਦੇ ਜ਼ਿਲ੍ਹਾ ਨੋਡਲ ਅਫਸਰ ਸ. ਪੰਮੀ ਸਿੰਘ ਨੇ ਦੱਸਿਆ ਕਿ ਸਵੱਛ ਭਾਰਤ ਮੁਹਿੰਮ ਤਹਿਤ ਸਕੂਲ ਦੇ ਪਹਿਲੇ ਨੰਬਰ 'ਤੇ ਆਉਣ ਵਜੋਂ ਅਧਿਆਪਕ ਦਿਵਸ ਮੌਕੇ ਸਿੱਖਿਆ ਮੰਤਰੀ ਸ੍ਰੀਮਤੀ ਅਰੁਣਾ ਚੌਧਰੀ ਵੱਲੋਂ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਸਕੂਲ ਦੇ ਪ੍ਰਿੰਸੀਪਲ ਸ੍ਰੀ ਰਾਜ ਕੁਮਾਰ ਵਰਮਾ ਨੂੰ 'ਸਵੱਛ ਵਿਦਿਆਲਿਆ ਰਾਜ ਪੁਰਸਕਾਰ' ਨਾਲ ਨਵਾਜਿਆ ਗਿਆ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਹੋਏ ਜ਼ਿਲ੍ਹਾ ਨੋਡਲ ਅਫਸਰ ਨੇ ਦੱਸਿਆ ਕਿ ਸਵੱਛ ਵਿਦਿਆਲਿਆ ਮੁਹਿੰਮ ਤਹਿਤ ਪ੍ਰਿੰਸੀਪਲ ਵਰਮਾ ਦੀ ਅਗਵਾਈ ਹੇਠ ਲਗਭਗ 24 ਏਕੜ 'ਚ ਬਣੇ ਸਕੂਲ ਦੇ ਹਰ ਕੋਨਿਆਂ, ਪਾਰਕ, ਬਿਲਡਿੰਗ, ਬਾਥਰੂਮ ਅਤੇ ਦਰਖਤਾਂ ਦੀ ਦੇਖਭਾਲ ਅਤੇ ਸਾਂਭ-ਸੰਭਾਲ ਵੀ ਬਾਖੂਬੀ ਕੀਤੀ ਗਈ। ਸਕੂਲ ਦੇ ਨਾਲ-ਨਾਲ ਜਨਤਕ ਥਾਵਾਂ ਜਿਵੇਂ ਕਿ ਰੇਲਵੇ ਸਟੇਸ਼ਨ, ਬੱਸ ਸਟੈਂਡ, ਹਸਪਤਾਲ, ਘੰਟਾ ਘਰ, ਸ਼ਹਿਰ ਦੀਆਂ ਮੁੱਖ ਸੜਕਾਂ ਆਦਿ ਦੀ ਸਫਾਈ ਵੀ ਕੀਤੀ ਗਈ। ਜਿਸ ਦੇ ਨਤੀਜੇ ਵੱਜੋਂ ਪੂਰੇ ਸੂਬੇ ਵਿੱਚ ਇਸ ਸਕੂਲ ਨੂੰ ਉਚ ਸਕੋਰ ਮਿਲਿਆ ਹੈ। ਇਸ ਮੁਹਿੰਮ ਨੂੰ ਨੇਪਰੇ ਚੜ੍ਹਾਉਣ ਵਿੱਚ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਖਾਸ ਯੋਗਦਾਨ ਪਾਇਆ ਗਿਆ।


ਅਧਿਆਪਕ ਰਾਜ ਪੁਰਸਕਾਰ ਵੰਡ ਸਮਾਰੋਹ